# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

## 18:20

**ਮਿਤੀ :20-09-2026**

- ਕੇਂਦਰੀ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ, ਫਾਜ਼ਿਲਕਾ ਤੋਂ, ਭਾਰਤੀ ਜਨਤਾ ਪਾਰਟੀ, ਪੰਜਾਬ, ਦੀ, ਨਸ਼ਾ ਮੁਕਤ ਪੰਜਾਬ ਯਾਤਰਾਵਾਂ ਦੇ ਤੀਜੇ ਪੜਾਅ ਦੀ ਸ਼ੁਰੂਆਤ ਕੀਤੀ.
- ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਭਲਕੇ ਬਠਿੰਡਾ ਤੋਂ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਦੇ ਚੌਥੇ ਪੜਾਅ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨਗੇ.
- ਸਰਕਾਰ ਨੇ ਪਹਿਲੀ ਅਕਤੂਬਰ ਤੋਂ ਸਬਸਿਡੀ ਵਾਲੀ ਰਸੋਈ ਗੈਸ ਦੀ ਬੁਕਿੰਗ ਵਾਸਤੇ ਆਧਾਰ ਨਾਲ ਜੁੜੀ ਬਾਇਓਮੈਟ੍ਰਿਕ ਪ੍ਰਮਾਣਿਕਤਾ ਲਾਜ਼ਮੀ ਕੀਤੀ.

- ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ 2026 ਮੌਕੇ ਫ਼ਰੀਦਕੋਟ ਵਿਖੇ ਭਲਕੇ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਏ।
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਨੇ ਜਪਾਨ ਵਿੱਚ ਏਸ਼ਿਆਈ ਖੇਡਾਂ 2026 ਦੇ ਦੂਜੇ ਸੈਮੀਫਾਈਨਲ ਵਿੱਚ ਬੰਗਲਾਦੇਸ਼ ਨੂੰ 114 ਦੌੜਾਂ ਨਾਲ ਹਰਾ ਦਿੱਤਾ ਏ।

---

ਕੇਂਦਰੀ ਕਾਨੂੰਨ ਅਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ, ਭਾਰਤੀ ਜਨਤਾ ਪਾਰਟੀ, ਪੰਜਾਬ, ਦੀ, ਨਸ਼ਾ ਮੁਕਤ ਪੰਜਾਬ ਯਾਤਰਾਵਾਂ ਦੇ ਤੀਜੇ ਪੜਾਅ ਦੀ ਸ਼ੁਰੂਆਤ ਕੀਤੀ. ਤੀਜੇ ਪੜਾਅ ਦੀ ਸ਼ੁਰੂਆਤ ਫਾਜ਼ਿਲਕਾ ਦੀ ਸਾਦਿਕੀ ਸਰਹੱਦ ਤੋਂ ਕੀਤੀ ਗਈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੀ ਮੇਘਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਉਦੇਸ਼ ਪੰਜਾਬ ਨੂੰ ਵਿਕਸਿਤ ਪੰਜਾਬ ਬਣਾਉਣਾ ਏ. ਓਹਨਾਂ ਕਿਹਾ ਕਿ ਇਹ ਪ੍ਰੋਗ੍ਰਾਮ, ਪੰਜਾਬ ਦੀ ਆਉਂਦੀ ਪੀੜ੍ਹੀ ਨੂੰ ਸਾਂਭਣ ਲਈ ਏ –

byte – MEGHWAL NEXT GENERATION – 21 sec

ਬਾਅਦ ਵਿਚ ਇਸ ਮੌਕੇ ਇਕਠ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ ਇਸ ਯਾਤਰਾ ਨੂੰ ਸਿਆਸੀ ਨਜ਼ਰੀਏ ਤੋਂ ਨਹੀਂ ਦੇਖਿਆ ਜਾਣਾ ਚਾਹੀਦਾ ਕਿਉਂਕਿ ਇਹ ਸਮਾਜ ਸੁਧਾਰ ਦਾ ਪ੍ਰੋਗ੍ਰਾਮ ਏ –

- BYTE- MEGHWAL – 22 sec

ਪਹਿਲਾਂ ਕੇਂਦਰੀ ਮੰਤਰੀ ਨੇ, ਸੂਬਾ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਹੋਰ ਪਾਰਟੀ ਆਗੂਆਂ ਨਾਲ 1971 ਦੀ ਭਾਰਤ-ਪਾਕਿਸਤਾਨ ਜੰਗ ਦੇ ਸ਼ਹੀਦਾਂ ਨੂੰ ਆਸਫਵਾਲਾ ਜੰਗੀ ਯਾਦਗਾਰ 'ਤੇ ਸ਼ਰਧਾਂਜਲੀ ਭੇਟ ਕੀਤੀ. ਉਨ੍ਹਾਂ ਨੇ ਕੁਝ ਨਸ਼ਾ ਪ੍ਰਭਾਵਿਤ ਪਰਿਵਾਰਾਂ ਦੇ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਦੁੱਖ ਸਾਂਝਾ ਕੀਤਾ।

---------------------------------------------------

ਭਲਕੇ, ਚੌਥੇ ਪੜਾਅ ਨੂੰ, ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਅਤੇ ਹਰਿਆਣਾ ਦੇ ਮੁੱਖ ਮੰਤਰੀ, ਨਾਇਬ ਸਿੰਘ ਸੈਣੀ, ਬਠਿੰਡਾ ਦੇ ਤਲਵੰਡੀ ਸਾਬੋ ਤੋਂ ਹਰੀ ਝੰਡੀ ਦੇ ਕੇ ਰਵਾਨਾ ਕਰਨਗੇ।

ਇਹ ਯਾਤਰਾ 18 ਸਤੰਬਰ ਨੂੰ ਸਰਹੱਦੀ ਜ਼ਿਲ੍ਹੇ ਪਠਾਨਕੋਟ ਤੋਂ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਵਲੋਂ ਸ਼ੁਰੂ ਕੀਤੀ ਗਈ ਸੀ। ਇਹ ਨਸ਼ਿਆਂ ਵਿਰੁੱਧ ਲੜਾਈ ਨੂੰ ਇੱਕ ਲੋਕ ਲਹਿਰ ਵਿੱਚ ਬਦਲਣ ਲਈ ਰਾਜ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰੇਗੀ। <><>

---

ਸਰਕਾਰ ਨੇ ਕਿਹਾ ਏ ਕਿ, ਪਹਿਲੀ ਅਕਤੂਬਰ ਤੋਂ ਸਬਸਿਡੀ ਵਾਲੇ ਰਸੋਈ ਗੈਸ ਦੀ ਬੁਕਿੰਗ ਲਈ ਆਧਾਰ ਨਾਲ ਜੁੜਿਆ ਬਾਇਓਮੈਟ੍ਰਿਕ ਪ੍ਰਮਾਣੀਕਰਨ ਲਾਜ਼ਮੀ ਹੋਵੇਗਾ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਇਸਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਸਿਰਫ਼ ਯੋਗ ਪਰਿਵਾਰਾਂ ਨੂੰ ਹੀ ਸਬਸਿਡੀ ਵਾਲੇ ਐਲਪੀਜੀ ਸਿਲੰਡਰ ਮਿਲਣ। ਮੰਤਰਾਲੇ ਨੇ ਸਪੱਸ਼ਟ ਕੀਤਾ ਏ ਕਿ ਇਸ ਪ੍ਰਕਿਰਿਆ ਦਾ ਉਦੇਸ਼ ਕਿਸੇ ਵੀ ਯੋਗ ਪਰਿਵਾਰ ਨੂੰ ਐਲਪੀਜੀ ਤੋਂ ਵਾਂਝਾ ਕਰਨਾ ਨਹੀਂ ਏ । ਜਿਨ੍ਹਾਂ ਗਾਹਕਾਂ ਨੇ ਪਹਿਲਾਂ ਹੀ ਪ੍ਰਮਾਣੀਕਰਨ ਪੂਰਾ ਕਰ ਲਿਆ ਏ, ਉਨ੍ਹਾਂ

ਨੂੰ ਦੁਬਾਰਾ ਅਜਿਹਾ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ। ਮੰਤਰਾਲੇ ਨੇ ਕਿਹਾ ਕਿ ਹਰੇਕ ਕਨੈਕਸ਼ਨ ਨੂੰ ਆਧਾਰ-ਪ੍ਰਮਾਣਿਤ ਖਪਤਕਾਰ ਨਾਲ ਜੋੜਨ ਨਾਲ ਵਪਾਰਕ ਅਤੇ ਸਨਅਤੀ ਵਰਤੋਂ ਲਈ ਸਬਸਿਡੀ ਵਾਲੇ ਘਰੇਲੂ ਸਿਲੰਡਰਾਂ ਦੀ ਦੁਰਵਰਤੋਂ ਨੂੰ ਰੋਕਣ ਵਿੱਚ ਮਦਦ ਮਿਲੇਗੀ। ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ ਸਿਲੰਡਰ ਡਿਲੀਵਰੀ ਦੇ ਸਮੇਂ, ਡਿਸਟ੍ਰਿਬਿਊਟਰ ਦੇ ਸ਼ੋਅਰੂਮ 'ਤੇ, ਜਾਂ ਤੇਲ ਮਾਰਕੀਟਿੰਗ ਕੰਪਨੀਆਂ ਦੇ ਮੋਬਾਈਲ ਐਪਸ ਰਾਹੀਂ ਕੀਤਾ ਜਾ ਸਕਦਾ ਏ।

------------------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ ਦਿੱਲੀ ਤੋਂ ਵਿਸ਼ੇਸ਼ ਪ੍ਰਸਾਰਣ ਹੋਣ ਕਾਰਨ, 16 ਅਕਤੂਬਰ ਤੱਕ, ਪੰਜਾਬੀ ਖ਼ਬਰਾਂ ਦੇ, ਸ਼ਾਮ ਦੇ, ਰਾਸ਼ਟਰੀ ਬੁਲੇਟਿਨ, ਦੇ ਪ੍ਰਸਾਰਣ ਸਮੇਂ ਵਿੱਚ, ਤਬਦੀਲੀ ਕੀਤੀ ਗਈ ਏ. ਹੁਣ, 16 ਅਕਤੂਬਰ ਤੱਕ, ਪੰਜਾਬੀ ਖ਼ਬਰਾਂ ਦਾ, ਸ਼ਾਮ ਦਾ ਰਾਸ਼ਟਰੀ ਬੁਲੇਟਿਨ, ਸ਼ਾਮ ਸਾਢੇ 7 ਵਜੇ ਦੀ ਬਜਾਏ,

ਰਾਤ ਸਾਢੇ 8 ਵਜੇ ਤੋਂ ਰਾਤ 8 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਏਗਾ.

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼ ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ। ਸੇਵਾ ਅਤੇ ਸੁਸ਼ਾਸਨ ਦੀ ਇਸੇ ਦੂਰਅੰਦੇਸ਼ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ। ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ। ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ, ਇੱਕ ਉਦਾਹਰਣ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ 'ਵੋਕਲ ਫਾਰ ਲੋਕਲ' ਪਹਿਲਕਦਮੀ ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ. ਪੇਸ਼ ਏ ਇੱਕ ਰਿਪੋਰਟ –

V/ C

*ਭਾਰਤ ਵਿੱਚ ਖਪਤਕਾਰਾਂ ਦੀ ਪਸੰਦ ਹੌਲੀ-ਹੌਲੀ ਦਰਾਮਦ ਕੀਤੇ ਉਤਪਾਦਾਂ ਅਤੇ ਵੱਡੇ Brands ਵੱਲ ਵਧਣ ਲੱਗ ਗਈ ਸੀ, ਜਿਸ ਕਾਰਨ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ (MSMEs) ਅਤੇ ਕਾਰੀਗਰਾਂ ਦੀ ਬਾਜ਼ਾਰ ਵਿੱਚ ਪਕੜ ਕਮਜ਼ੋਰ ਹੁੰਦੀ ਜਾ ਰਹੀ ਸੀ। ਸਥਾਨਕ ਉਤਪਾਦਾਂ ਦੀ ਮੰਗ ਵੀ ਦਿਨੋ-ਦਿਨ ਘਟਦੀ ਜਾ ਰਹੀ ਸੀ। ਇਸ ਦੌਰਾਨ, ਵੋਕਲ ਫ਼ਾਰ ਲੋਕਲ ਪਹਿਲਕਦਮੀ ਨੇ ਲੋਕਾਂ ਨੂੰ ਇਹ ਜਾਣਨ ਲਈ ਪ੍ਰੇਰਿਤ ਕੀਤਾ ਕਿ ਉਹ ਜੋ ਸਮਾਨ ਖਰੀਦਦੇ ਨੇ, ਉਹ ਕਿੱਥੇ ਬਣਿਆ ਏ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਜੇ ਦੇਸ਼ ਵਿੱਚ ਹੀ ਬਣੇ ਉਤਪਾਦ ਉਨ੍ਹਾਂ ਦੀਆਂ ਲੋੜਾਂ ਪੂਰੀਆਂ ਕਰਦੇ ਨੇ, ਤਾਂ ਉਹ ਵਿਦੇਸ਼ੀ ਉਤਪਾਦਾਂ ਦੀ ਬਜਾਏ ਸਥਾਨਕ ਉਤਪਾਦਾਂ ਨੂੰ ਹੀ ਤਰਜੀਹ ਦੇਣ। ਇਸ ਤਹਿਤ ਨਾ ਕੋਈ ਮਹਿਸੂਲ ਜਾਂ ਪਾਬੰਦੀ ਲਗਾਈ ਗਈ ਅਤੇ ਨਾ ਹੀ ਕਿਸੇ ਨੂੰ ਮਜਬੂਰ ਕੀਤਾ ਗਿਆ। ਸਿਰਫ਼ ਲੋਕਾਂ ਨੂੰ ਸਮਝਦਾਰੀ ਨਾਲ ਖਰੀਦਦਾਰੀ ਕਰਨ ਦੀ ਅਪੀਲ ਕੀਤੀ ਗਈ। ਇਸ ਤਰ੍ਹਾਂ, ਰੋਜ਼ਾਨਾ ਦੀ ਖ਼ਪਤ ਨੂੰ ਦੇਸ਼ ਨੂੰ ਆਤਮਨਿਰਭਰ ਬਣਾਉਣ ਦੇ ਉਦੇਸ਼ ਨਾਲ ਜੋੜਿਆ ਗਿਆ।*

*ਇਸ ਪਹਿਲਕਦਮੀ ਨੇ MSMEs ਅਤੇ ਕਾਰੀਗਰਾਂ ਨੂੰ ਉਹ ਵਿਕਰੀ ਮੁੜ ਹਾਸਲ ਕਰਨ ਵਿੱਚ ਮਦਦ ਕੀਤੀ, ਜੋ ਉਹ ਵੱਡੇ brands ਅਤੇ ਦਰਾਮਦ ਕੀਤੀਆਂ ਵਸਤਾਂ ਕਾਰਨ ਗੁਆ ਰਹੇ ਸਨ।*

*ਪ੍ਰਧਾਨ ਮੰਤਰੀ ਨਰੇਂਦਰ ਮੋਦੀ ਲਈ ਸੇਵਾ ਦਾ ਮਤਲਬ ਪਿਛਲੀਆਂ ਪੀੜ੍ਹੀਆਂ ਦੇ ਵਿਰਸੇ ਨੂੰ ਸਾਂਭਣਾ ਅਤੇ ਉਤਸ਼ਾਹਿਤ ਕਰਨਾ ਵੀ ਏ ਭਾਵ ਭਾਰਤ ਦੇ ਕਾਰੀਗਰਾਂ, ਹਥਖੱਡੀ ਅਤੇ ਵਿਸ਼ਵਕਰਮਾ ਰਵਾਇਤਾਂ ਨੂੰ ਉਹ ਮਾਣ-ਸਨਮਾਨ, ਸਹਿਯੋਗ ਅਤੇ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਏ, ਜਿਨ੍ਹਾਂ ਦੇ ਉਹ ਹੱਕਦਾਰ ਨੇ।*

*ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ*

-----------------------------------------------------

ਕੈਬਨਿਟ ਮੰਤਰੀ, ਪੰਜਾਬ, ਡਾ. ਬਲਜੀਤ ਕੌਰ ਨੇ ਅੱਜ ਮਲੋਟ ਦੇ ਸ੍ਰੀ ਗੁਰੂ ਨਾਨਕ ਦੇਵ ਜੀ ਚੌਂਕ ਲਈ 17 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਨਵੀਨੀਕਰਨ ਦੇ ਕੰਮ ਲਈ ਨੀਂਹ ਪੱਥਰ ਰੱਖਿਆ । ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਚੌਂਕ ਦੇ ਨਵੀਨੀਕਰਨ ਦੀ ਮਲੋਟ ਵਾਸੀਆਂ ਦੀ ਪਿਛਲੇ ਲੰਮੇ ਸਮੇਂ ਤੋਂ ਮੰਗ ਸੀ ਅਤੇ ਤਿੰਨ

ਮਹੀਨਿਆਂ ਦੇ ਵਿੱਚ ਇਸ ਚੌਕ ਦੇ ਕੰਮ ਨੂੰ ਪੂਰਾ ਕਰ ਲਿਆ ਜਾਵੇਗਾ।

---------------------------------------------------------

ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ 2026 ਮੌਕੇ ਫ਼ਰੀਦਕੋਟ ਵਿਖੇ 21 ਤੋਂ 23 ਸਤੰਬਰ ਤੱਕ ਦਾਣਾ ਮੰਡੀ ਵਿਖੇ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਏ। ਇਸ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਇਸ ਮੇਲੇ ਦਾ ਮੁੱਖ ਮਕਸਦ ਲੋਕਾਂ ਨੂੰ ਕਣਕ ਤੇ ਰਿਵਾਇਤੀ ਖੇਤੀਬਾੜੀ ਤੋਂ ਇਲਾਵਾ ਪਸ਼ੂਆਂ ਦੀ ਮਹੱਤਤਾ ਵਰਗੇ ਸਹਾਇਕ ਧੰਦੇ ਤੋਂ ਜਾਣੂ ਕਰਵਾਉਣਾ ਏ ਤਾਂ ਜੋ ਉਨ੍ਹਾਂ ਦੀ ਕਮਾਈ ਵਿੱਚ ਹੋਰ ਵਾਧਾ ਹੋ ਸਕੇ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਮੱਝਾਂ, ਗਾਵਾਂ, ਘੋੜਿਆਂ, ਆਦਿ ਦੇ ਮੁਕਾਬਲੇ, ਖੇਤੀਬਾੜੀ ਨਾਲ ਸਬੰਧਤ ਨੁਮਾਇਸ਼ਾਂ ਅਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਸਰਕਾਰੀ ਸਕੀਮਾਂ, ਪਸ਼ੂਆਂ ਦੀ ਸਿਹਤ ਸੰਭਾਲ, ਡੇਅਰੀ ਵਿਕਾਸ ਅਤੇ ਆਧੁਨਿਕ ਖੇਤੀ ਤੇ ਪਸ਼ੂ ਪਾਲਣ ਸਬੰਧੀ ਜਾਣਕਾਰੀ ਵੀ ਮੁਹੱਈਆ

ਕਰਵਾਈ ਜਾਵੇਗੀ। ਸ੍ਰੀ ਸੇਖੋਂ ਨੇ ਪੰਜਾਬ ਭਰ ਦੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੱਧ ਤੋਂ ਵੱਧ ਪਸ਼ੂਆਂ ਸਮੇਤ ਇਸ ਮੇਲੇ ਵਿੱਚ ਪਹੁੰਚਣ ਅਤੇ ਇਸ ਮੇਲੇ ਦੀ ਸ਼ਾਨ ਵਧਾਉਣ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਤੇ ਹੋਰ ਪਤਵੰਤੇ ਵੀ ਮੌਜੂਦ ਸਨ.

---------------------------------------------------------------

ਭਾਰਤੀ ਹਵਾਈ ਫੌਜ (IAF) ਨੇ 4 ਅਕਤੂਬਰ ਨੂੰ ਹੋਣ ਵਾਲੀ ਸੇਖੋਂ ਇੰਡੀਅਨ ਏਅਰ ਫੋਰਸ ਮੈਰਾਥਨ-2026 ਦੇ ਹਿੱਸੇ ਵਜੋਂ, ਸੁਖਨਾ ਝੀਲ, ਚੰਡੀਗੜ੍ਹ ਵਿਖੇ ਤੀਜੀ ਪ੍ਰਮੋਸ਼ਨਲ ਦੌੜ ਸਫਲਤਾ ਨਾਲ ਕਰਾਈ. ਇਸ ਦੌੜ ਵਿੱਚ ਚੰਡੀਗੜ੍ਹ, ਮੋਹਾਲੀ ਅਤੇ ਨੇੜਲੇ ਖੇਤਰਾਂ ਦੇ ਫਿਟਨੈਸ ਪ੍ਰੇਮੀਆਂ, ਸੇਵਾ ਵਿਚਲੇ ਮੁਲਾਜ਼ਮਾਂ, ਸਾਬਕਾ ਫੌਜੀਆਂ ਅਤੇ ਨੌਜਵਾਨਾਂ ਸਮੇਤ 300 ਤੋਂ ਵੱਧ ਲੋਕਾਂ ਨੇ ਸ਼ਿਰਕਤ ਕੀਤੀ।

---------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਨੇ ਜਪਾਨ ਵਿੱਚ ਏਸ਼ਿਆਈ ਖੇਡਾਂ 2026 ਦੇ ਦੂਜੇ ਸੈਮੀਫਾਈਨਲ ਵਿੱਚ ਬੰਗਲਾਦੇਸ਼ ਨੂੰ 114 ਦੌੜਾਂ ਨਾਲ ਹਰਾ ਦਿੱਤਾ ਏ । ਸ਼ੈਫਾਲੀ ਵਰਮਾ ਦੇ 49 ਗੇਂਦਾਂ ਵਿੱਚ ਪਹਿਲੇ

ਟੀ-20 ਸੈਂਕੜੇ ਨੇ ਭਾਰਤ ਦੀ 114 ਦੌੜਾਂ ਦੀ ਜਿੱਤ ਦਾ ਰਾਹ ਪੱਧਰਾ ਕਰ ਦਿੱਤਾ। ਭਾਰਤ ਏਸ਼ੀਆਈ ਖੇਡਾਂ 2026 ਦੇ ਸੋਨੇ ਦੇ ਤਮਗੇ ਤੋਂ ਸਿਰਫ਼ ਇੱਕ ਜਿੱਤ ਦੂਰ ਏ। ਭਾਰਤ ਹੁਣ ਮੰਗਲਵਾਰ ਨੂੰ ਸੋਨੇ ਦੇ ਤਮਗੇ ਦੇ ਮੁਕਾਬਲੇ ਵਿੱਚ ਸ੍ਰੀਲੰਕਾ ਖਿਲਾਫ਼ ਖੇਡੇਗਾ.

---

- ਕੇਂਦਰੀ ਮੰਤਰੀ ਅਰਜੁਨ ਰਾਮ ਮੇਘਵਾਲ ਨੇ ਅੱਜ, ਫਾਜ਼ਿਲਕਾ ਤੋਂ, ਭਾਰਤੀ ਜਨਤਾ ਪਾਰਟੀ, ਪੰਜਾਬ, ਦੀ, ਨਸ਼ਾ ਮੁਕਤ ਪੰਜਾਬ ਯਾਤਰਾਵਾਂ ਦੇ ਤੀਜੇ ਪੜਾਅ ਦੀ ਸ਼ੁਰੂਆਤ ਕੀਤੀ.
- ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਭਲਕੇ ਬਠਿੰਡਾ ਤੋਂ ਨਸ਼ਾ ਮੁਕਤ ਪੰਜਾਬ ਯਾਤਰਾਵਾਂ ਦੇ ਚੌਥੇ ਪੜਾਅ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨਗੇ.
- ਸਰਕਾਰ ਨੇ ਪਹਿਲੀ ਅਕਤੂਬਰ ਤੋਂ ਸਬਸਿਡੀ ਵਾਲੀ ਰਸੋਈ ਗੈਸ ਦੀ ਬੁਕਿੰਗ ਲਈ ਆਧਾਰ ਨਾਲ ਜੁੜੀ ਬਾਇਓਮੈਟ੍ਰਿਕ ਪ੍ਰਮਾਣਿਕਤਾ ਲਾਜ਼ਮੀ ਕੀਤੀ.

- ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ 2026 ਮੌਕੇ ਫ਼ਰੀਦਕੋਟ ਵਿਖੇ ਭਲਕੇ ਪਹਿਲਾ ਪਸ਼ੂ ਧਨ ਤੇ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਏ।
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਨੇ ਜਪਾਨ ਵਿੱਚ ਏਸ਼ਿਆਈ ਖੇਡਾਂ 2026 ਦੇ ਦੂਜੇ ਸੈਮੀਫਾਈਨਲ ਵਿੱਚ ਬੰਗਲਾਦੇਸ਼ ਨੂੰ 114 ਦੌੜਾਂ ਨਾਲ ਹਰਾ ਦਿੱਤਾ ਏ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਰਾਤ **ਸਾਢੇ 8** ਵਜੇ ਹੋਏਗਾ.

ਨਮਸ੍ਕਾਰ